# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-12-2024**

ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ ਅੰਤਿਮ ਸੰਸਕਾਰ ਅੱਜ ਸਵੇਰੇ ਨਵੀਂ ਦਿੱਲੀ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ ਉਹਨਾਂ ਦੀ ਵੱਡੀ ਬੇਟੀ ਨੇ ਉਹਨਾਂ ਦੀ ਚਿਖਾ ਨੂੰ ਅਗਨੀ ਦਿਖਾਈ ਉਨ੍ਹਾਂ ਦੀ ਅੰਤਿਮ ਯਾਤਰਾ ਸਵੇਰੇ 9.30 ਵਜੇ ਕਾਂਗਰਸ ਹੈੱਡਕੁਆਰਟਰ ਤੋਂ ਸ਼ੁਰੂ ਹੋਈ ਅਤੇ ਨਿਗਮਬੋਧ ਘਾਟ ਸਥਿਤ ਸ਼ਮਸ਼ਾਨਘਾਟ ਪਹੁੰਚੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹੋਰ ਨੇਤਾਵਾਂ ਨੇ ਨਵੀਂ ਦਿੱਲੀ ਵਿਖੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਅੰਤਿਮ ਸ਼ਰਧਾਂਜਲੀ ਭੇਟ ਕੀਤੀ। ਵਿਦੇਸ਼ਾਂ ਦੇ ਨੇਤਾਵਾਂ ਨੇ ਵੀ ਉਹਨਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ . ਕਾਂਗਰਸ ਹੈੱਡਕੁਆਰਟਰ ਤੋਂ ਨਿਗਮਬੋਧ ਘਾਟ ਤਕ ਜਾ ਰਹੀ ਅੰਤਿਮ ਯਾਤਰਾ ਸਮੇਂ ਆਮ ਲੋਕਾਂ ਨੇ ਵੀ ਨਮ ਅੱਖਾਂ ਨਾਲ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਦਿਤੀ। ਪੰਜਾਬ ਸਰਕਾਰ ਵਲੋਂ ਵੀ ਸਾਬਕਾ

ਪ੍ਰਧਾਨਮੰਤਰੀ ਡਾਕਟਰ ਮਨਮੋਹਨ ਸਿੰਘ ਦੇ ਦਿਹਾਂਤ ਤੇ ਸੱਤ ਦਿਨਾਂ ਲੇਈ ਰਾਜਸੀ ਸੋਗ ਦਾ ਐਲਾਨ ਕੀਤਾ ਏ

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਡਾ. ਮਨਮੋਹਨ ਸਿੰਘ ਨਮਿਤ ਸ਼ੋਕ ਸਭਾ ਕਰ ਕੇ ਉਨ੍ਹਾਂ ਨੂੰ ਸ਼ਰਧਾਜਲੀ ਭੇਟ ਕੀਤੀ ਗਈ ਅਤੇ ਇਸ ਮਗਰੋਂ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਇਸ ਨਾਲ ਸਬੰਧਤ ਅਦਾਰੇ ਇਕ ਦਿਨ ਲਈ ਬੰਦ ਰੱਖੇ ਗਏ। ਸ਼ੋਕ ਸਭਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੇ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਕੇ ਅਰਦਾਸ ਕੀਤੀ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 117ਵਾਂ ਐਪੀਸੋਡ ਹੋਵੇਗਾ। ਇਸ ਦਾ ਪ੍ਰਸਾਰਣ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈੱਬਸਾਈਟ ਅਤੇ News on air ਮੋਬਾਈਲ ਐਪ 'ਤੇ ਕੀਤਾ ਜਾਵੇਗਾ। ਇਹ ਆਕਾਸ਼ਵਾਣੀ ਖਬਰਾਂ, ਡੀਡੀ ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ

ਲਾਈਵ-ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

-------------------------------------------------------------

ਪੰਜਾਬ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੱਲੋਂ ਸੈਨਿਕਾਂ ਦੀ ਭਲਾਈ ਲਈ ਕੀਤੇ ਅਨੇਕਾਂ ਸੁਧਾਰਾਂ ਅਤੇ ਨਵੀਆਂ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਪਣੀ ਡਿਊਟੀ ਦੌਰਾਨ ਜ਼ਖ਼ਮੀ ਹੋਏ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਦੀ ਰਕਮ ਨੂੰ ਦੁੱਗਣਾ ਕਰ ਦਿੱਤਾ ਗਿਆ ਹੈ । ਹੁਣ ਦਿਵਿਆਂਗਤਾ ਦੇ ਆਧਾਰ ‘ਤੇ 10 ਲੱਖ ਰੁਪਏ ਤੋਂ ਲੈ ਕੇ 40 ਲੱਖ ਰੁਪਏ ਤੱਕ ਦਾ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਇਹ ਉਨ੍ਹਾਂ ਸੈਨਿਕਾਂ ਪ੍ਰਤੀ ਸੂਬਾ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ ਜਿਨ੍ਹਾਂ ਨੇ ਬਹਾਦਰੀ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕੀਤੀ ਹੈ। ਵਾਰ ਜਗੀਰ ਸਕੀਮ ਬਾਰੇ ਬੋਲਦਿਆਂ ਓਹਨਾ ਕਿਹਾ ਕਿ ਇਸ ਸਕੀਮ ਅਧੀਨ ਲਾਭਪਾਤਰੀਆਂ ਦੀ ਸਾਲਾਨਾ ਵਿੱਤੀ ਸਹਾਇਤਾ ਨੂੰ 10,000 ਰੁਪਏ ਤੋਂ ਵਧਾ ਕੇ 20,000 ਰੁਪਏ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਗੈਰ-ਪੈਨਸ਼ਨ ਵਾਲੇ ਵਿਸ਼ਵ ਯੁੱਧ 1 ਅਤੇ 2 ਦੇ ਸਾਬਕਾ ਸੈਨਿਕਾਂ ਅਤੇ 65 ਸਾਲ ਤੋਂ ਵੱਧ ਉਮਰ ਦੀਆਂ ਉਨ੍ਹਾਂ ਦੀਆਂ ਵਿਧਵਾਵਾਂ ਲਈ ਵਿੱਤੀ ਸਹਾਇਤਾ ਨੂੰ ₹6,000 ਤੋਂ ਵਧਾ ਕੇ ₹10,000 ਪ੍ਰਤੀ

ਮਹੀਨਾ ਕਰ ਦਿੱਤਾ ਗਿਆ ਹੈ ਤਾਂ ਕਿ ਸਾਡੇ ਬਜ਼ੁਰਗ ਜੰਗੀ ਨਾਇਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਪੰਜਾਬ ’ਚ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਸਿੱਧੀ ਭਰਤੀ ਵਿੱਚ 13 ਫ਼ੀਸਦ ਰਾਖਵਾਂਕਰਨ ਦਿੱਤਾ ਗਿਆ ਹੈ ਅਤੇ ਦੋ ਸਾਲਾਂ ਵਿੱਚ 2,044 ਅਸਾਮੀਆਂ ਭਰੀਆਂ ਗਈਆਂ ਹਨ। ਓਹਨਾ ਕਿਹਾ ਕੇ ਸੂਬਾ ਸਰਕਾਰ ਦੇ ਇਹ ਕਦਮ ਸੈਨਿਕਾਂ ਦੇ ਪਰਿਵਾਰਾਂ ਦੀ ਭਲਾਈ ਲਈ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੇ ਨੇ

---------------------------------------------------

ਇੰਡੀਅਨ ਇੰਸਟੀਚਿਊਟ ਆਫ਼ ਕੈਮੀਕਲ ਇੰਜੀਨੀਅਰਜ਼ (IIChE) ਦੋਆਬਾ ਖੇਤਰੀ ਕੇਂਦਰ, ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਨਆਈਟੀ), ਜਲੰਧਰ ਵਿਖੇ ਕੈਮੀਕਲ ਇੰਜਨੀਅਰਿੰਗ ਵਿਭਾਗ ਅਧੀਨ, ਇੰਡੀਅਨ ਇੰਸਟੀਚਿਊਟ ਆਫ਼ ਕੈਮੀਕਲ ਇੰਜੀਨੀਅਰਜ਼ ਦੇ 77ਵੇਂ ਸਾਲਾਨਾ ਸੈਸ਼ਨ ਦਾ ਆਯੋਜਨ ਕਰ ਰਿਹਾ ਏ ਅਤੇ " ਟਿਕਾਊ ਵਿਕਾਸ ਅਤੇ 'ਆਤਮਨਿਰਭਰ ਭਾਰਤ'

ਵੱਲ ਕੈਮੀਕਲ ਇੰਜੀਨੀਅਰਿੰਗ ਦੀ ਭੂਮਿਕਾ" 'ਤੇ ਇੱਕ ਅੰਤਰਰਾਸ਼ਟਰੀ ਕਾਨਫਰੰਸ 27 ਦਸੰਬਰ ਤੋਂ 30 ਤਕ ਆਯੋਜਤ ਕਰ ਰਿਹਾ ਏ ... ਦੱਖਣੀ ਅਫ਼ਰੀਕਾ, ਆਸਟ੍ਰੇਲੀਆ, ਕੈਨੇਡਾ, ਨਿਊਜ਼ੀਲੈਂਡ, ਅਮਰੀਕਾ ਅਤੇ ਬੰਗਲਾਦੇਸ਼ ਸਮੇਤ 16 ਆਈਆਈਟੀ, 10 ਐਨਆਈਟੀ, ਰਾਜ ਸਰਕਾਰ, ਖੋਜ ਅਤੇ ਨਿੱਜੀ ਸੰਸਥਾਵਾਂ ਅਤੇ ਉਦਯੋਗਾਂ ਦੇ ਨੁਮਾਇੰਦਿਆਂ ਦੇ ਨਾਲ-ਨਾਲ 855 ਤੋਂ ਵੱਧ ਭਾਗੀਦਾਰ ਇਸ ਵਿਚ ਭਾਗ ਲੈ ਰਹੇ ਨੇ ... ਕੇਂਦਰੀ ਜਲ ਸ਼ਕਤੀ ਰਾਜ ਮੰਤਰੀ ਡਾ: ਰਾਜ ਭੂਸ਼ਣ ਚੌਧਰੀ ਨੇ ਇੱਕ ਵੀਡੀਓ ਸੰਦੇਸ਼ ਰਾਹੀਂ ਕਾਨਫਰੰਸ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

---

149ਵਾਂ ਸ਼੍ਰੀ ਬਾਬਾ ਹਰਿਵੱਲਭ ਸੰਗੀਤ ਸੰਮੇਲਨ ਬੀਤੀ ਸ਼ਾਮ ਜਲੰਧਰ ਦੇ ਸ਼੍ਰੀ ਦੇਵੀ ਤਾਲਾਬ ਮੰਦਿਰ ਪਰਿਸਰ ਵਿੱਚ ਸ਼ੁਰੂ ਹੋਇਆ। ਸ਼ਾਮ ਦੀ ਸ਼ੁਰੂਆਤ ਸ਼ਹਿਨਾਈ ਤਾਰਾਂ ਨਾਲ ਹੋਈ ਜਿਸ ਨਾਲ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਾਲ ਦਾ ਤਿੰਨ ਦਿਨਾਂ ਇਤਿਹਾਸਕ ਤਿਉਹਾਰ ਮਰਹੂਮ ਉਸਤਾਦ ਜ਼ਾਕਿਰ ਹੁਸੈਨ ਨੂੰ ਸਮਰਪਿਤ ਏ । ਇਹ ਕਲਾਸੀਕਲ ਸੰਗੀਤ ਉਤਸਵ 29 ਦਸੰਬਰ ਤੱਕ ਜਾਰੀ ਰਹੇਗਾ।

---

ਪੰਜਾਬ ਪੁਲਿਸ ਦੇ ਅੰਮ੍ਰਿਤਸਰ ਸਥਿਤ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਇੱਕ ਨਾਰਕੋ ਟੈਰਰ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਇਹ 17 ਦਸੰਬਰ, 2024 ਨੂੰ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਇਸਲਾਮਾਬਾਦ 'ਤੇ ਗ੍ਰਨੇਡ ਹਮਲੇ ਲਈ ਜ਼ਿੰਮੇਵਾਰ ਸਨ। ਇਨ੍ਹਾਂ ਦੋਵਾਂ ਦੀ ਪਛਾਣ ਗੁਰਜੀਤ ਸਿੰਘ ਵਾਸੀ ਅੰਮ੍ਰਿਤਸਰ ਦਿਹਾਤੀ ਅਤੇ ਬਲਜੀਤ ਸਿੰਘ ਵਾਸੀ ਤਰਨਤਾਰਨ ਵਜੋਂ ਹੋਈ ਏ। ਪੁਲਸ ਸੂਤਰਾਂ ਨੇ ਦੱਸਿਆ ਕਿ ਇਨ੍ਹਾਂ ਦੇ ਕਬਜ਼ੇ 'ਚੋਂ ਇਕ ਗ੍ਰਨੇਡ ਸਮੇਤ ਦੋ ਪਿਸਤੌਲ ਅਤੇ ਇਕ ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਏ। ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਜਾਂਚ ਜਾਰੀ ਏ।